# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :27-02-2026**

ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੇ ਕਿਹਾ ਏ ਕਿ ਐੱਨ.ਸੀ.ਈ.ਆਰ.ਟੀ.ਦੀ ਪਾਠ-ਪੁਸਤਕ ਵਿਚ, ਨਿਆਂਪਾਲਿਕਾ ਵਿਚ ਭ੍ਰਿਸ਼ਟਾਚਾਰ ਬਾਰੇ ਇਕ ਅਧਿਆਏ ਸ਼ਾਮਲ ਕਰਨਾ ਮੰਦਭਾਗਾ ਏ ਅਤੇ ਸਰਕਾਰ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈ ਰਹੀ ਏ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸ੍ਰੀ ਪ੍ਰਧਾਨ ਨੇ ਕਿਹਾ ਕਿ ਉਨ੍ਹਾਂ ਨੇ ਐੱਨ.ਸੀ.ਈ.ਆਰ.ਟੀ. ਨੂੰ ਸਾਰੀਆਂ ਕਿਤਾਬਾਂ ਵਾਪਸ ਲੈਣ ਤੇ ਰੱਦ ਕਰਨ ਦੇ ਨਿਰਦੇਸ਼ ਦਿੱਤੇ ਨੇ। ਉਨ੍ਹਾਂ ਜੋਰ ਦੇ ਕੇ ਕਿਹਾ ਕਿ ਸਰਕਾਰ ਦਾ ਨਿਆਂਪਾਲਿਕਾ ਦਾ ਅਪਮਾਨ ਕਰਨ ਦਾ ਕੋਈ ਇਰਾਦਾ ਨਹੀਂ ਏ। ਸ੍ਰੀ ਪ੍ਰਧਾਨ ਨੇ ਕਿਹਾ ਕਿ ਸੁਪਰੀਮ ਕੋਰਟ ਦਾ ਜੋ ਵੀ ਹੁਕਮ ਹੋਵੇਗਾ, ਮੰਤਰਾਲਾ ਉਸ ਦੀ ਪਾਲਣਾ ਕਰੇਗਾ। ਉਨ੍ਹਾਂ ਕਿਹਾ ਕਿ ਵਿਭਾਗ ਦੇ ਸਕੱਤਰ ਨੂੰ ਐੱਨ.ਸੀ.ਈ.ਆਰ.ਟੀ. ਦੀ ਪਾਠ-ਪੁਸਤਕ ਵਿਚ ਅਜਿਹਾ ਗੈਰ-ਜ਼ਿੰਮੇਵਾਰਾਨਾ ਅਧਿਆਏ ਜੋੜਣ ਲਈ ਜਿੰਮੇਵਾਰ ਲੋਕਾਂ ਵਿਰੁੱਧ ਕਾਰਵਾਈ ਦਾ ਕੰਮ ਸੌਂਪਿਆ ਗਿਆ ਏ।

---------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮਹਾਨ ਆਜ਼ਾਦੀ ਘੁਲਾਟੀਏ ਚੰਦਰਸ਼ੇਖਰ ਆਜ਼ਾਦ ਨੂੰ ਉਨ੍ਹਾਂ ਦੇ ਸ਼ਹੀਦੀ ਦਿਵਸ 'ਤੇ ਸ਼ਰਧਾਂਜਲੀ ਭੇਟ ਕੀਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿਚ ਸ਼੍ਰੀ ਮੋਦੀ ਨੇ ਕਿਹਾ ਕਿ ਚੰਦਰਸ਼ੇਖਰ ਆਜ਼ਾਦ ਦਾ ਜੀਵਨ ਸਾਨੂੰ ਸਿਖਾਉਂਦਾ ਏ ਕਿ ਸੱਚੀ ਬਹਾਦਰੀ, ਨਾ-ਇਨਸਾਫੀ ਵਿਰੁੱਧ ਮਜ਼ਬੂਤੀ ਨਾਲ ਖੜ੍ਹੇ ਹੋਣ ਦੇ ਇਰਾਦੇ ਵਿਚ ਏ।

---

ਪੰਜਾਬ ਦੇ ਸਨਅਤਾਂ, ਵਪਾਰ ਤੇ ਬਿਜਲੀ ਮੰਤਰੀ ਸੰਜੀਵ ਅਰੋੜਾ ਨੇ ਕੱਲ੍ਹ ਇੰਡਸਟ੍ਰੀਅਲ ਪਾਰਕ, ਵਜ਼ੀਰਾਬਾਦ, ਮੰਡੀ ਗੋਬਿੰਦਗੜ੍ਹ ਵਿਚ ਸਥਾਪਤ ਕੀਤੇ ਗਏ ਨਵੇਂ ਡੇਅਰੀ ਫੀਡ ਪਲਾਂਟ ਦਾ ਉਦਘਾਟਨ ਕੀਤਾ। ਸਮਾਗਮ ਵਿਚ ਮੰਤਰੀ ਨੇ ਕਿਹਾ ਕਿ 15 ਏਕੜ ਵਿੱਚ ਫੈਲਿਆ ਚਾਰਾ ਬਣਾਉਣ ਵਾਲਾ ਇਹ ਪਲਾਂਟ ਸਾਲਾਨਾ 4 ਲੱਖ ਮੈਟ੍ਰਿਕ ਟਨ ਤੋਂ ਵੱਧ ਦੀ ਉਤਪਾਦਨ ਸਮਰੱਥਾ ਰੱਖਦਾ ਏ ਅਤੇ ਦੱਖਣੀ ਏਸ਼ੀਆ ਦਾ ਸਭ ਤੋਂ ਵੱਡਾ ਡੇਅਰੀ ਫੀਡ ਪਲਾਂਟ ਏ। ਮੰਤਰੀ ਅਰੋੜਾ ਦੱਸਿਆ ਕਿ ਵਿਗਿਆਨਕ ਤਰੀਕੇ ਨਾਲ ਤਿਆਰ ਕੀਤਾ ਚਾਰਾ ਪਸ਼ੂਆਂ ਦੀ ਸਿਹਤ ਅਤੇ ਉਤਪਾਦਕਤਾ ਨੂੰ ਸੁਧਾਰੇਗਾ ਤੇ ਪੰਜਾਬ ਦੇ ਡੇਅਰੀ ਖੇਤਰ ਨੂੰ ਨਵੀਆਂ ਉਚਾਈਆਂ ‘ਤੇ ਲੈ ਕੇ ਜਾਵੇਗਾ। ਇਸ ਦੌਰਾਨ ਮੰਤਰੀ ਨੇ ਦੱਸਿਆ ਕਿ 13 ਤੋਂ 15 ਮਾਰਚ ਤੱਕ ਮੋਹਾਲੀ ਵਿੱਚ ਹੋਣ ਵਾਲਾ “ਪ੍ਰੋਗਰੈਸਿਵ ਪੰਜਾਬ ਇਨਵੈਸਟਰਜ਼ ਸੰਮੇਲਨ 2026” ਨਿਵੇਸ਼ਕਾਂ ਨੂੰ ਪੂੰਜੀਕਾਰੀ ਲਈ ਪੰਜਾਬ ਵੱਲ ਖਿੱਚ ਪਾਏਗਾ।

---

ਪੰਜਾਬ ਰਾਜ ਪੇਂਡੂ ਆਜੀਵਿਕਾ ਮਿਸ਼ਨ ਵੱਲੋਂ 18 ਮਾਰਚ ਨੂੰ ਅੰਤਰਰਾਸ਼ਟਰੀ ਮਹਿਲਾ ਦਿਵਸ ਵਿਆਪਕ ਪੱਧਰ ‘ਤੇ ਮਨਾਇਆ ਜਾ ਰਿਹਾ ਏ। ਜਿਸ ਦੌਰਾਨ ਪੰਜਾਬ ਸਰਕਾਰ ਵੱਲੋਂ ਸੂਬਾ ਪੱਧਰ ’ਤੇ 14,100 ਮਹਿਲਾ ਉੱਦਮੀਆਂ ਨੂੰ ਸਨਮਾਨਿਤ ਕੀਤਾ ਜਾਵੇਗਾ।ਇਸ ਸਮਾਗਮ ਦੌਰਾਨ 100 ਚੋਟੀ ਦੇ ਉੱਦਮੀਆਂ ਦਾ ਸਨਮਾਨ ਹੋਵੇਗਾ ਤੇ ਹਰੇਕ ਨੂੰ 25,000 ਰੁਪਏ ਦਿੱਤੇ ਜਾਣਗੇ। ਇਸ ਸਬੰਧੀ ਜਸ਼ਨਾਂ ਦਾ ਐਲਾਨ ਕਰਦਿਆਂ ਅਤੇ ਸਾਲ 2022 ਤੋਂ ਬਾਅਦ ਦਿੱਤੇ ਜਾ ਰਹੇ ਵਿੱਤੀ ਅਤੇ ਸੰਸਥਾਗਤ ਲਾਭਾਂ ਬਾਰੇ ਜਾਣਕਾਰੀ ਦਿੰਦਿਆਂ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਸਰਕਾਰ ਵੱਲੋਂ ਸੂਬੇ ਵਿੱਚ ਸਵੈ-ਸਹਾਇਤਾ ਸਮੂਹਾਂ ਦਾ ਵਿਸਥਾਰ ਕੀਤਾ ਗਿਆ ਏ, ਫੰਡਿੰਗ ਵਿੱਚ ਵਾਧਾ ਕੀਤਾ ਗਿਆ ਏ ਅਤੇ ਪੇਂਡੂ ਔਰਤਾਂ ਦੀ ਸਥਿਤੀ ਨੂੰ ਮਜ਼ਬੂਤ ਕੀਤਾ ਗਿਆ ਏ। ਮੰਤਰੀ ਸੌਂਦ

ਨੇ ਕਿਹਾ, "ਸੂਬੇ ਦੇ ਹਰੇਕ ਹਿੱਸੇ ਤੋਂ ਸਵੈ-ਸਹਾਇਤਾ ਗਰੁੱਪ ਦੀਆਂ 100 ਮਹਿਲਾ ਉੱਦਮੀਆਂ ਨੂੰ ਇਨਾਮਾਂ ਨਾਲ ਸਨਮਾਨਿਤ ਕੀਤਾ ਜਾਵੇਗਾ। ਕੁੱਲ 11 ਹਜਾਰ 700 ਮਹਿਲਾ ਉੱਦਮੀਆਂ ਨੂੰ ਪੁਰਸਕਾਰ ਦਿੱਤੇ ਜਾਣਗੇ। ਇਸੇ ਤਰ੍ਹਾਂ, 23 ਜ਼ਿਲ੍ਹਿਆਂ ਤੋਂ 2,300 ਅਤੇ ਹਰੇਕ ਜ਼ਿਲ੍ਹੇ ਤੋਂ 100 ਮਹਿਲਾ ਉੱਦਮੀਆਂ ਨੂੰ ਸਨਮਾਨਿਤ ਕੀਤਾ ਜਾਵੇਗਾ।

------------------------------------------------------------------

ਅੰਤਰਰਾਸ਼ਟਰੀ ਮਾਤ-ਭਾਸ਼ਾ ਦਿਵਸ ਨੂੰ ਸਮਰਪਿਤ ਮਾਂ-ਬੋਲੀ ਪੰਜਾਬੀ ਮਾਰਚ ਕੱਲ੍ਹ ਜਲੰਧਰ ਵਿਚ ਕੱਢਿਆ ਗਿਆ । ਇਸ ਮੌਕੇ ਦੇਸ਼-ਵਿਦੇਸ਼ ਤੋਂ ਲੋਕਾਂ ਨੇ ਸ਼ਮੂਲੀਅਤ ਕਰਦਿਆਂ ਪੰਜਾਬੀ ਭਾਸ਼ਾ ਅਤੇ ਸੱਭਿਆਚਾਰ ਦੇ ਪ੍ਰਚਾਰ ਤੇ ਪ੍ਰਸਾਰ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਇਆ। ਪੰਜਾਬੀ ਜਾਗ੍ਰਿਤੀ ਮੰਚ ਅਤੇ ਪੰਜਾਬ ਸੈਰ-ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਵੱਲੋਂ ਕਰਵਾਏ ਗਏ ਇਸ ਮਾਰਚ ਵਿਚ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਕੈਬਨਿਟ ਮੰਤਰੀ ਮੋਹਿੰਦਰ ਭਗਤ, ਰਾਜ ਸਭਾ ਮੈਂਬਰ ਅਸ਼ੋਕ ਮਿੱਤਲ ਤੇ ਹੋਰ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ। ਲਾਇਲਪੁਰ ਖਾਲਸਾ ਸਕੂਲ, ਨਕੋਦਰ ਰੋਡ ਤੋਂ ਸ਼ੁਰੂ ਹੋਇਆ ਇਹ ਮਾਰਚ ਸ਼ਹਿਰ ਦੇ ਵੱਖ-ਵੱਖ ਥਾਵਾਂ ਤੋਂ ਹੁੰਦਾ ਹੋਇਆ ਦੇਸ਼ ਭਗਤ ਯਾਦਗਾਰ ਹਾਲ ਵਿਚ ਪਹੁੰਚ ਕੇ ਸਮਾਪਤ ਹੋਇਆ। ਇਸ ਮੌਕੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਨੂੰ ਪੰਜਾਬੀ ਭਾਸ਼ਾ ਨੂੰ ਹੋਰ ਮਜ਼ਬੂਤ ਕਰਨ ਸਬੰਧੀ ਮੰਗ-ਪੱਤਰ ਵੀ ਦਿੱਤਾ ਗਿਆ। ਉਨ੍ਹਾਂ ਭਰੋਸਾ ਦੁਆਇਆ ਕਿ ਇਸ ਮਸਲੇ ਨੂੰ ਪੰਜਾਬ ਸਰਕਾਰ ਨਾਲ ਵਿਚਾਰਿਆ ਜਾਵੇਗਾ।

------------------------------------------------------------------

ਤਰਨਤਾਰਨ ਦੇ ਸਰਹੱਦੀ ਇਲਾਕਿਆਂ ਵਿੱਚ ਡ੍ਰੋਨ ਸਰਗਰਮੀਆਂ ਦੇ ਮਾਮਲੇ ਲਗਾਤਾਰ ਸਾਹਮਣੇ ਆ ਰਹੇ ਨੇ। ਇਸੇ ਦੌਰਾਨ ਤਰਨਤਾਰਨ ਦੇ ਪਿੰਡ ਡੱਲ ਦੇ ਇਕ ਨਿੱਜੀ ਸਕੂਲ ਵਿਚ ਸਰਹੱਦ ਪਾਰ ਤੋਂ ਆਏ ਇੱਕ ਸ਼ੱਕੀ ਡ੍ਰੋਨ ਵੱਲੋਂ ਸਕੂਲ ਦੀ ਗਰਾਊਂਡ ਵਿੱਚ ਪਿਸਤੌਲ

ਅਤੇ ਗੋਲੀਆਂ ਸੁੱਟੇ ਜਾਣ ਦੀ ਘਟਨਾ ਸਾਹਮਣੇ ਆਈ ਏ। ਇਸ ਮਗਰੋਂ ਪੁਲਿਸ ਅਤੇ ਬੀ.ਐੱਸ.ਐੱਫ. ਦੀਆਂ ਟੀਮਾਂ ਮੌਕੇ 'ਤੇ ਪੁੱਜੀਆਂ ਤੇ ਜਾਂਚ ਦੌਰਾਨ ਇਕ ਪੈਕਟ ਵਿੱਚੋਂ ਇਹ ਪਿਸਤੌਲ ਤੇ ਗੋਲੀਆਂ ਬਰਾਮਦ ਕੀਤੀਆਂ। ਘਟਨਾ ਤੋਂ ਬਾਅਦ ਪੂਰੇ ਇਲਾਕੇ ਵਿੱਚ ਸੁਰੱਖਿਆ ਵਧਾ ਦਿੱਤੀ ਗਈ ਏ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਤਲਾਸ਼ੀ ਮੁਹਿੰਮ ਚਲਾਈ ਗਈ ਏ।

---

ਖੇਡ ਵਿਭਾਗ ਅਤੇ ਪੰਜਾਬ ਇੰਸਟੀਚਿਊਟ ਆਫ਼ ਸਪੋਰਟਸ ਵੱਲੋਂ ਵਿਦਿਆਰਥੀਆਂ ਨੂੰ ਖੇਡਾਂ ਨਾਲ ਜੋੜਣ ਲਈ ਵੱਖ-ਵੱਖ ਖੇਡਾਂ ਦੇ ਟਰਾਇਲ, ਸਟੇਟ ਸਪੋਰਟਸ ਸਕੂਲ ਜਲੰਧਰ ਵਿਚ 28 ਫਰਵਰੀ ਤੋਂ ਪਹਿਲੀ ਮਾਰਚ 2026 ਤੱਕ ਕਰਵਾਏ ਜਾ ਰਹੇ ਨੇ। ਜਲੰਧਰ ਦੇ ਜ਼ਿਲ੍ਹਾ ਖੇਡ ਅਫ਼ਸਰ ਗੁਰਪ੍ਰੀਤ ਸਿੰਘ ਬਾਜਵਾ ਨੇ ਦੱਸਿਆ ਕਿ ਖੇਡ ਵਿਭਾਗ ਵੱਲੋਂ ਵਾਲੀਬਾਲ, ਸਵੀਮਿੰਗ, ਜਿਮਨਾਸਟਿਕ, ਬਾਕਸਿੰਗ ਲਈ ਅੰਡਰ 14, 17 ਅਤੇ 19 ਲੜਕਿਆਂ ਅਤੇ ਐਥਲੈਟਿਕ ਲਈ ਲੜਕੇ ਤੇ ਲੜਕੀਆਂ ਦੇ ਸਪੋਰਟਸ ਸਕੂਲ ਤੇ ਸਪੋਰਟਸ ਕਾਲਜ ਜਲੰਧਰ ਵਿਚ ਟਰਾਇਲ ਲਏ ਜਾ ਰਹੇ ਨੇ। ਹਾਕੀ ਦੇ ਟਰਾਇਲ ਸੁਰਜੀਤ ਹਾਕੀ ਸਟੇਡੀਅਮ ਬਰਲਟਨ ਪਾਰਕ ਵਿਖੇ ਲਏ ਜਾਣਗੇ। ਇਨ੍ਹਾਂ ਖੇਡਾਂ ਲਈ ਸਿਰਫ਼ ਪੰਜਾਬ ਦੇ ਖਿਡਾਰੀ 28 ਫਰਵਰੀ ਤੋਂ ਪਹਿਲੀ ਮਾਰਚ ਤੱਕ ਸਵੇਰੇ 8 ਵਜੇ ਸਟੇਟ ਸਪੋਰਟਸ ਸਕੂਲ, ਨੇੜੇ ਕਪੂਰਥਲਾ ਚੌਕ, ਜਲੰਧਰ ਵਿਚ ਟਰਾਇਲ ਦੇਣ ਲਈ ਰਿਪੋਰਟ ਕਰ ਸਕਦੇ ਨੇ।